# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 31-07-2024**

- ਪੰਜਾਬ ਦੇ ਰਾਜਪਾਲ ਤੇ ਚੰਡੀਗੜ੍ਹ ਦੇ ਪ੍ਰਸ਼ਾਸਕ ਵਜੋਂ ਗੁਲਾਬ ਚੰਦ ਕਟਾਰੀਆ ਨੇ ਓਹਦਾ ਸੰਭਾਲਿਆ।
- ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਵੈਕਟਰ-ਬੋਰਨ ਅਤੇ ਪਾਣੀ ਤੋਂ ਪੈਦਾ ਹੋਣ ਵਾਲੀਆਂ ਬਿਮਾਰੀਆਂ ਦੀ ਰੋਕਥਾਮ ਲਈ ਅਧਿਕਾਰੀਆਂ ਨੂੰ ਮਿਲ ਕੇ ਕੰਮ ਕਰਨ ਦੇ ਹੁਕਮ ਦਿੱਤੇ।
- ਪੰਜਾਬ ਵਿਚ 18 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਵਲੋਂ ਦੋਪਹੀਆ ਤੇ ਚੌਪਹੀਆ ਵਾਹਨ ਚਲਾਉਣ ਤੇ ਭਲਕ ਪਹਿਲੀ ਅਗਸਤ ਤੋਂ ਲੱਗ ਜਾਵੇਗੀ ਰੋਕ।
- ਦੇਸ਼ ਦੇ ਮਹਾਨ ਇਨਕਲਾਬੀ ਸ਼ਹੀਦ ਊਧਮ ਸਿੰਘ ਨੂੰ ਬਰਸੀ ਤੇ ਨਿੱਘੀਆਂ ਸ਼ਰਧਾਂਜਲੀਆਂ ਭੇਂਟ ਕੀਤੀਆਂ ਗਈਆਂ।

-----------------------------------------------------------------

ਪੰਜਾਬ ਦੇ ਰਾਜਪਾਲ ਤੇ ਚੰਡੀਗੜ੍ਹ ਦੇ ਪ੍ਰਸ਼ਾਸਕ ਵਜੋਂ ਗੁਲਾਬ ਚੰਦ ਕਟਾਰੀਆ ਨੇ ਆਪਣਾ ਓਹਦਾ ਸੰਭਾਲ ਲਿਆ ਏ। ਰਾਜਭਵਨ ਚੰਡੀਗੜ੍ਹ ਵਿਖੇ ਅੱਜ ਸਵੇਰੇ ਹੋਏ ਇਕ ਪ੍ਰਭਾਵਸ਼ਾਲੀ ਸੌਂਹ ਚੁੱਕ ਸਮਾਗਮ ਦੌਰਾਨ ਪੰਜਾਬ ਤੇ ਹਰਿਆਣਾ ਹਾਈਕੋਰਟ ਦੇ ਚੀਫ ਜਸਟਿਸ ਸ਼ੀਲ ਨਾਗੂ ਨੇ ਗੁਲਾਬ ਚੰਦ ਕਟਾਰੀਆ ਨੂੰ ਉਹਦੇ ਦੀ ਸੌਂਹ ਚੁਕਾਈ। ਉਹ ਬਨਵਾਰੀ ਲਾਲ ਪੁਰੋਹਿਤ ਦੀ ਥਾਂ ਤੇ ਰਾਜਪਾਲ ਬਣੇ ਨੇ। ਬਨਵਾਰੀ ਲਾਲ ਪੁਰੋਹਿਤ ਨੇ ਆਪਣੇ ਨਿਜੀ ਕਾਰਨਾਂ ਦਾ ਹਵਾਲਾ ਦੇਂਦਿਆਂ ਔਹਦੇ ਤੋਂ ਇਸਤੀਫ਼ਾ ਦੇ ਦਿੱਤਾ ਸੀ। ਗੁਲਾਬ ਚੰਦ ਕਟਾਰੀਆ ਇਸ ਤੋਂ ਪਹਿਲਾਂ ਆਸਾਮ ਦੇ ਰਾਜਪਾਲ ਸਨ। ਹਰਿਆਣਾ ਦੇ ਰਾਜਪਾਲ ਬੰਡਾਰੂ ਦੱਤਾਤ੍ਰੇਯ, ਪੰਜਾਬ ਦੇ ਮੁੱਖਮੰਤਰੀ ਭਗਵੰਤ ਸਿੰਘ ਮਾਨ, ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਤੇ ਪੰਜਾਬ ਦੇ ਕਈ ਕੈਬਿਨੇਟ ਮੰਤਰੀ, ਵਿਧਾਇਕ, ਸੀਨੀਅਰ ਪੁਲਿਸ ਤੇ ਪ੍ਰਸ਼ਾਸਨਿਕ ਅਧਿਕਾਰੀ ਅਤੇ ਕਈ ਹੋਰ ਪਤਵੰਤੇ ਇਸ ਸਮਾਗਮ ਦੌਰਾਨ ਮੌਜੂਦ ਰਹੇ। ਇਸ ਮੌਕੇ ਤੇ ਗੁਲਾਬ ਚੰਦ ਕਟਾਰੀਆ ਨੇ ਕਿਹਾ ਕਿ ਉਹ ਜਨਤਾ ਦੇ ਸੇਵਕ ਵਜੋਂ ਕੰਮ ਕਰਨਗੇ

ਅਤੇ ਸੂਬੇ ਦੇ ਹਰ ਪਿੰਡ, ਇਲਾਕੇ ਤੇ ਸਰਹੱਦੀ ਖੇਤਰਾਂ ਦਾ ਦੌਰਾ ਵੀ ਕਰਨਗੇ। ਉਨਾਂ ਕਿਹਾ ਕਿ ਇਹ ਓਹਦੇ ਸਜਾਵਟ ਲਈ ਨਹੀਂ ਨੇ ਬਲਕਿ ਲੋਕਾਂ ਦੀ ਸੇਵਾ ਲਈ ਨੇ ਅਤੇ ਆਪਣੀ 40 - 45 ਸਾਲ ਦੀ ਜਨ ਸੇਵਾ ਵਿਚ ਉਨਾਂ ਲੋਕਾਂ ਦੀ ਸੇਵਾ ਨੂੰ ਹੀ ਆਪਣਾ ਧਰਮ ਮੰਨਿਆ ਏ। ਗੁਲਾਬ ਚੰਦ ਕਟਾਰੀਆ ਨੇ ਕਿਹਾ ਕਿ ਕੋਈ ਵੀ ਉਨਾਂ ਕੋਲ ਆ ਕੇ ਆਪਣੀ ਸਮਸਿਆ ਬਾਰੇ ਗੱਲ ਕਰ ਸਕਦਾ ਏ। ਇਸ ਤੋਂ ਪਹਿਲਾਂ ਕਲ ਸ਼ਾਮ ਪੰਜਾਬ ਰਾਜ ਭਵਨ ਵਿਖੇ ਪਹੁੰਚਣ 'ਤੇ ਮਨੋਨੀਤ ਰਾਜਪਾਲ ਗੁਲਾਬ ਚੰਦ ਕਟਾਰੀਆ ਦਾ ਬੜੀ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ। ਰਾਜ ਭਵਨ ਵਿਖੇ ਗੁਲਾਬ ਚੰਦ ਕਟਾਰੀਆ ਨੂੰ ਪੰਜਾਬ ਪੁਲਿਸ ਦੀ ਟੁਕੜੀ ਵੱਲੋਂ ਗਾਰਡ ਆਫ਼ ਆਨਰ ਦਿੱਤਾ ਗਿਆ।

---------------------------------------------------

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਲੁਧਿਆਣਾ ਜ਼ਿਲੇ ਦੇ ਸਿਹਤ, ਸਥਾਨਕ ਸਰਕਾਰਾਂ, ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਦੇ ਅਧਿਕਾਰੀਆਂ ਨੂੰ ਜ਼ਿਲ੍ਹੇ ਵਿੱਚ ਵੈਕਟਰ-ਬੋਰਨ ਅਤੇ ਪਾਣੀ ਤੋਂ ਪੈਦਾ ਹੋਣ ਵਾਲੀਆਂ ਬਿਮਾਰੀਆਂ ਦੀ ਰੋਕਥਾਮ ਲਈ ਮਿਲ ਕੇ

ਕੰਮ ਕਰਨ ਦੇ ਨਿਰਦੇਸ਼ ਦਿੱਤੇ ਨੇ। ਪਾਣੀ ਅਤੇ ਵੈਕਟਰ ਤੋਂ ਪੈਦਾ ਹੋਣ ਵਾਲੀਆਂ ਬਿਮਾਰੀਆਂ ਦੀ ਰੋਕਥਾਮ ਅਤੇ ਨਿਯੰਤਰਣ ਲਈ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਅੱਜ ਇੱਕ ਜ਼ਿਲ੍ਹਾ ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਾ. ਬਲਬੀਰ ਸਿੰਘ ਨੇ ਇਨ੍ਹਾਂ ਵਿਭਾਗਾਂ ਦੇ ਅਧਿਕਾਰੀਆਂ ਵਿੱਚ ਨਿਰਵਿਘਨ ਤਾਲਮੇਲ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਹਰੇਕ ਅਧਿਕਾਰੀ ਕੋਲ ਕੇਸਾਂ ਦੇ ਸਾਰੇ ਵੇਰਵੇ, ਹੌਟਸਪੌਟ, ਨਮੂਨੇ ਅਤੇ ਹੋਰ ਜ਼ਰੂਰੀ ਜਾਣਕਾਰੀ ਆਸਾਨੀ ਨਾਲ ਉਪਲਬਧ ਹੋਣੀ ਚਾਹੀਦੀ ਏ। ਉਨ੍ਹਾਂ ਡਾਇਰੀਆ, ਹੈਜ਼ਾ, ਹੈਪੇਟਾਈਟਸ- ਏ, ਮਲੇਰੀਆ, ਡੇਂਗੂ ਅਤੇ ਚਿਕਨਗੁਨੀਆ ਵਰਗੀਆਂ ਪਾਣੀ ਤੋਂ ਪੈਦਾ ਹੋਣ ਵਾਲੀਆਂ ਬਿਮਾਰੀਆਂ ਦੀ ਰੋਕਥਾਮ ਅਤੇ ਨਿਯੰਤਰਣ ਲਈ ਸਮੂਹਿਕ ਜ਼ਿੰਮੇਵਾਰੀ ਬਾਰੇ ਵੀ ਚਾਨਣਾ ਪਾਇਆ।

---------------------------------------------------------------

ਇਨਫੋਰਸਮੈਂਟ ਡਾਇਰੈਕਟੋਰੇਟ ਈ ਡੀ ਨੇ ਆਯੁਸ਼ਮਾਨ ਭਾਰਤ ਯੋਜਨਾ ਵਿਚ ਧੋਖਾਧੜੀ ਦੇ ਖਿਲਾਫ ਅੱਜ ਵੱਡੀ ਕਾਰਵਾਈ ਕੀਤੀ ਏ। ਈ ਡੀ ਨੇ ਇਸ ਯੋਜਨਾ ਲਈ ਫਰਜ਼ੀ ਪਛਾਣ ਪੱਤਰ ਬਣਾਉਣ ਦੇ ਮਾਮਲੇ ਵਿਚ

ਦਿੱਲੀ, ਚੰਡੀਗੜ੍ਹ, ਪੰਜਾਬ, ਹਿਮਾਚਲ ਪ੍ਰਦੇਸ਼ ਦੇ ਕਾਂਗੜਾ, ਊਨਾ, ਸ਼ਿਮਲਾ, ਮੰਡੀ ਅਤੇ ਕੁੱਲੂ ਸਮੇਤ 19 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ ਏ । ਅਧਿਕਾਰਤ ਸੂਤਰਾਂ ਨੇ ਦੱਸਿਆ ਕਿ ਇਸ ਧੋਖਾਧੜੀ ਵਿੱਚ ਹਿਮਾਚਲ ਪ੍ਰਦੇਸ਼ ਦੇ ਦੋ ਕਾਂਗਰਸੀ ਆਗੂਆਂ ਦੇ ਨਾਮ ਵੀ ਸਾਹਮਣੇ ਆਏ ਨੇ । ਜਾਣਕਾਰੀ ਮੁਤਾਬਕ ਕੇਂਦਰੀ ਜਾਂਚ ਏਜੰਸੀ ਮਨੀ ਲਾਂਡਰਿੰਗ ਦੀ ਜਾਂਚ ਦੇ ਹਿੱਸੇ ਵਜੋਂ ਹਿਮਾਚਲ ਪ੍ਰਦੇਸ਼ ਦੇ ਕਾਂਗਰਸ ਵਿਧਾਇਕ ਆਰ.ਐੱਸ.ਬਾਲੀ, ਕੁਝ ਨਿੱਜੀ ਹਸਪਤਾਲਾਂ ਅਤੇ ਉਨ੍ਹਾਂ ਦੇ ਪ੍ਰਮੋਟਰਾਂ ਦੇ ਟਿਕਾਣਿਆਂ 'ਤੇ ਛਾਪੇਮਾਰੀ ਕਰ ਰਹੀ ਏ ।

-----------------------------------------------------

ਇਸ ਵਰ੍ਹੇ ਅਮਰਨਾਥ ਯਾਤਰਾ ਦੌਰਾਨ ਰਿਕਾਰਡ ਗਿਣਤੀ ਵਿਚ ਸ਼ਰਧਾਲੂ ਬਾਬਾ ਬਰਫਾਨੀ ਦੇ ਦਰਸ਼ਨ ਕਰਨ ਲਈ ਪਹੁੰਚੇ ਨੇ । ਪਿਛਲੇ ਵਰ੍ਹੇ 4 ਲੱਖ 45 ਹਜ਼ਾਰ ਸ਼ਰਧਾਲੂਆਂ ਦੇ ਮੁਕਾਬਲੇ ਇਸ ਸਾਲ ਹੁਣ ਤੱਕ 4 ਲੱਖ 71 ਹਜ਼ਾਰ ਤੋਂ ਵੱਧ ਸ਼ਰਧਾਲੂ ਪਵਿੱਤਰ ਸ਼੍ਰੀ ਅਮਰਨਾਥ ਗੁਫਾ ਦੇ ਦਰਸ਼ਨ ਕਰ ਚੁੱਕੇ ਨੇ । ਹਾਲੇ ਇਸ ਯਾਤਰਾ ਦੇ 19 ਦਿਨ ਬਾਕੀ ਨੇ । ਅਧਿਕਾਰੀਆਂ ਨੇ ਦੱਸਿਆ ਕਿ ਪਿਛਲੇ ਸਾਲ 4 ਲੱਖ 45 ਹਜ਼ਾਰ ਤੋਂ ਵੱਧ

ਸ਼ਰਧਾਲੂਆਂ ਨੇ ਬਾਬਾ ਬਫਰਨੀ ਦੇ ਦਰਸ਼ਨ ਕੀਤੇ ਸਨ। ਇਸ ਦੌਰਾਨ ਅੱਜ ਸਵੇਰੇ ਸੁਰੱਖਿਆ ਕਾਫਲਿਆਂ ਦੀ ਨਿਗਰਾਨੀ ਹੇਠ ਜੰਮੂ ਦੇ ਭਗਵਤੀ ਨਗਰ ਯਾਤਰੀ ਨਿਵਾਸ ਤੋਂ 1 ਹਜ਼ਾਰ 654 ਸ਼ਰਧਾਲੂਆਂ ਦਾ ਇੱਕ ਹੋਰ ਜੱਥਾ ਵਾਦੀ ਲਈ ਰਵਾਨਾ ਹੋਇਆ।

-----------------------------------------------------

ਪੰਜਾਬ ਵਿਚ 18 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਵਲੋਂ ਦੋਪਹੀਆ ਤੇ ਚੌਪਹੀਆ ਵਾਹਨ ਚਲਾਉਣ ਤੇ ਭਲਕ ਪਹਿਲੀ ਅਗਸਤ ਤੋਂ ਰੋਕ ਲੱਗ ਜਾਵੇਗੀ । ਇਸ ਬਾਰੇ ਪੁਲਿਸ ਮਹਿਕਮੇ ਨੇ ਕੁਝ ਪਹਿਲਾਂ ਹੀ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਸੀ । ਜ਼ਿਲਿਆਂ ਵਿਚ ਪੁਲਿਸ ਅਧਿਕਾਰੀਆਂ ਨੂੰ ਇਸ ਹੁਕਮ ਨੂੰ ਸਖਤੀ ਨਾਲ ਲਾਗੂ ਕਰਵਾਉਣ ਲਈ ਆਖਿਆ ਗਿਆ ਏ । ਹਾਲਾਂਕਿ 50 ਸੀ ਸੀ ਤੋਂ ਘੱਟ ਵਾਲੇ ਵਾਹਨ ਚਲਾਉਣ ਤੇ ਇਹ ਕ਼ਾਨੂਨ ਲਾਗੂ ਨਹੀਂ ਹੋਵੇਗਾ।

***ਹੋਰ ਵੇਰਵੇ ਨਾਲ ਇਹ ਰਿਪੋਰਟ:ਵਧਦੇ ਸੜਕ ਹਾਦਸਿਆਂ ਖ਼ਾਸਤੌਰ ਤੇ ਨਾਬਾਲਗ ਉਮਰ ਦੇ ਬੱਚਿਆਂ ਹੱਥੋਂ ਹੋਣ ਵਾਲੇ ਹਾਦਸੇ ਰੋਕਣ ਦੇ ਮੰਤਵ ਨਾਲ ਹੀ ਸੂਬਾ ਸਰਕਾਰ ਨੇ ਇਹ ਕਦਮ ਚੁੱਕਿਆ ਏ। ਟ੍ਰੈਫਿਕ***

*ਪੁਲਿਸ ਦੇ ਵਧੀਕ ਡੀ ਜੀ ਪੀ. ਐਸ ਐਸ ਰਾਏ ਨੇ ਮੋਟਰ ਵਹੀਕਲ ਐਕਟ ਦੇ ਸੈਕਸ਼ਨ 199 ਏ ਅਤੇ 199 ਬੀ ਦਾ ਹਵਾਲਾ ਦੇਂਦਿਆਂ ਸਾਰੇ ਪੁਲਿਸ ਕਮਿਸ਼ਨਰਾਂ ਤੇ ਜ਼ਿਲਾ ਪੁਲਿਸ ਕਪਤਾਨਾਂ ਨੂੰ 18 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਵਲੋਂ ਦੋਪਹੀਆ ਤੇ ਚੌਪਹੀਆ ਵਾਹਨ ਚਲਾਉਣ ਤੇ ਰੋਕ ਸਖਤੀ ਨਾਲ ਲਾਗੂ ਕਰਵਾਉਣ ਲਈ ਢੁਕਵੇਂ ਕਦਮ ਚੁੱਕਣ ਦੀ ਹਦਾਇਤ ਕੀਤੀ ਏ। ਇਸ ਕ਼ਾਨੂਨ ਨੂੰ ਤੋੜਨ ਵਾਲਿਆਂ ਖਿਲਾਫ ਸਜਾਵਾਂ ਨੂੰ ਵੀ ਸਖਤ ਕੀਤਾ ਗਿਆ ਏ। ਕ਼ਾਨੂਨ ਤੋੜਨ ਤੇ 25 ਹਜ਼ਾਰ ਰੁਪਏ ਦੇ ਜੁਰਮਾਨੇ ਦੇ ਨਾਲ ਨਾਲ ਤਿੰਨ ਸਾਲ ਤਕ ਦੀ ਕੈਦ ਹੋ ਸਕਦੀ ਏ। ਇਨ੍ਹਾਂ ਹੀ ਨਹੀਂ ਕ਼ਾਨੂਨ ਤੋੜਨ ਵਾਲੇ ਬੱਚਿਆਂ ਦੇ ਮਾਂ ਪਿਓ ਖਿਲਾਫ ਵੀ ਕਾਰਵਾਈ ਦੀ ਵਿਵਸਥਾ ਕੀਤੀ ਗਈ ਏ। ਸੀਨੀਅਰ ਪਤਰਕਾਰ ਤੇ ਸ਼ਿਵ ਸੈਨਾ ਟਕਸਾਲੀ ਦੇ ਆਗੂ ਯੋਗੇਸ਼ ਸੂਰੀ ਅਨੁਸਾਰ ਕ਼ਾਨੂਨ ਲਾਗੂ ਕਰਨ ਵਿਚ ਮਾਂ ਪਿਓ ਦਾ ਸਹਿਯੋਗ ਲਾਜ਼ਮੀ ਏ।*

***Byte***

*ਯਕੀਨਨ ਇਹ ਇਕ ਚੰਗੀ ਪਹਿਲਾ ਏ ਜਿਸ ਦਾ ਮੰਤਵ ਸੜਕ*

*ਹਾਦਸਿਆਂ ਤੇ ਲਗਾਮ ਲਗਾ ਕੇ ਕੀਮਤੀ ਜਾਨਾਂ ਨੂੰ ਬਚਾਉਣਾ ਏ । ਪਰ ਇਸ ਕ਼ਾਨੂਨ ਦੀ ਕਾਮਯਾਬੀ ਸਮਾਜ ਦੇ ਸਹਿਯੋਗ ਨਾਲ ਹੀ ਸੰਭਵ ਏ ਅਤੇ ਇਸ ਬਾਰੇ ਸਾਰਿਆਂ ਨੂੰ ਜਰੂਰ ਸੋਚਣਾ ਚਾਹੀਦਾ ਏ ।*

*ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ*

---------------------------------------------

ਦੇਸ਼ ਦੇ ਮਹਾਨ ਇਨਕਲਾਬੀ ਸ਼ਹੀਦ ਊਧਮ ਸਿੰਘ ਦਾ ਅੱਜ ਸ਼ਹੀਦੀ ਦਿਵਸ ਏ । ਇਸ ਮੌਕੇ ’ਤੇ ਸੂਬੇ ਭਰ ਵਿਚ ਉਨਾਂ ਨੂੰ ਨਿੱਘੀਆਂ ਸ਼ਰਧਾਂਜਲੀਆਂ ਦਿੱਤੀਆਂ ਗਈਆਂ । ਉਨਾਂ ਦੇ ਜੱਦੀ ਸ਼ਹਿਰ ਸੰਗਰੂਰ ਜ਼ਿਲੇ ਦੇ ਸੁਨਾਮ ਵਿਖੇ ਉਨਾਂ ਦੀ ਯਾਦਗਾਰ ਤੇ ਵੱਡੀ ਗਿਣਤੀ ਵਿਚ ਲੋਕ ਪੁਜੇ ਅਤੇ ਸ਼ਹੀਦ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ । ਫ਼ਤਹਿਗੜ੍ਹ ਸਾਹਿਬ ਜ਼ਿਲੇ ਵਿਚ ਸਰਹੰਦ ਦੇ ਰੋਜ਼ਾ ਸ਼ਰੀਫ ਸਥਿਤ ਸਮਾਰਕ ਵਿਖੇ ਕਰਵਾਏ ਸਮਾਗਮ ਦੌਰਾਨ ਵੱਖ ਵੱਖ ਸਿਆਸੀ ਆਗੂਆਂ ਅਤੇ ਜਿਲਾ ਪ੍ਰਸ਼ਾਸਨਿਕ ਅਧਿਕਾਰੀਆਂ ਨੇ ਸ਼ਰਧਾਂਜਲੀਆਂ ਭੇਂਟ ਕੀਤੀਆਂ । ਜ਼ਿਕਰਯੋਗ ਏ ਕਿ ਮਹਾਨ ਇਨਕਲਾਬੀ ਸ਼ਹੀਦ ਊਧਮ ਸਿੰਘ ਨੇ ਅੰਮ੍ਰਿਤਸਰ ਦੇ ਜਲਿਆਂਵਾਲਾ ਬਾਗ ਦੇ ਖ਼ੂਨੀ ਸਾਕੇ ਦਾ ਬਦਲਾ ਲਿਆ ਸੀ ।

---------------------------------------------------------------

ਪੈਰਿਸ ਓਲੰਪਿਕ ਵਿਚ ਨਿਸ਼ਾਨੇਬਾਜ਼ੀ ਵਿੱਚ, ਸਵਪਨਿਲ ਕੁਸਲੇ ਨੇ 590 ਦੇ ਸਕੋਰ ਨਾਲ 7ਵੇਂ ਸਥਾਨ 'ਤੇ ਰਹਿ ਕੇ ਮਰਦਾਂ ਦੀ 50 ਮੀਟਰ ਰਾਈਫਲ 3 ਪੋਜ਼ੀਸ਼ਨ ਈਵੈਂਟ ਦੇ ਫਾਈਨਲ ਲਈ ਕੁਆਲੀਫਾਈ ਕਰ ਲਿਆ ਏ। ਬੈਡਮਿੰਟਨ ਵਿੱਚ ਪੀਵੀ ਸਿੰਧੂ ਅਤੇ ਲਕਸ਼ ਸੇਨ ਦੋਵੇਂ ਰਾਊਂਡ ਆਫ 16 ਵਿੱਚ ਪਹੁੰਚ ਗਏ ਨੇ।

---------------------------------------------------------------

ਇਸ ਦੌਰਾਨ ਦਸ ਮੀਟਰ ਏਅਰ ਪਿਸਟਲ ਮਿਕਸਡ ਮੁਕਾਬਲੇ ਵਿਚ ਕਾਂਸੇ ਦਾ ਤਮਗਾ ਜਿੱਤਣ ਵਾਲੇ ਅੰਬਾਲਾ ਦੇ ਵਸਨੀਕ ਸਰਬਜੋਤ ਦੇ ਘਰ ਇਸ ਜਿੱਤ ਦੀ ਖੁਸ਼ੀ ਜ਼ੋਰਦਾਰ ਢੰਗ ਨਾਲ ਮਨਾਈ ਗਈ। ਸਰਬਜੋਤ ਦੇ ਪਿਤਾ ਜਤਿੰਦਰ ਸਿੰਘ ਨੇ ਆਪਣੇ ਪੁੱਤ ਦੀ ਕਾਮਯਾਬੀ ਬਾਰੇ ਕਿਹਾ।

**Byte**

ਏਧਰ ਸਰਬਜੋਤ ਸਿੰਘ ਦੇ ਕੋਚ ਗੌਰਵ ਨੇ ਕਿਹਾ ਕਿ ਸਰਬਜੋਤ ਨੇ ਬਹੁਤ ਮਿਹਨਤ ਕੀਤੀ ਏ ਅਤੇ ਇਸਦਾ ਢੁਕਵਾਂ ਫਲ ਉਸ ਨੂੰ ਮਿਲਿਆ ਏ।

**Byte**

-------------------------------------------------------

ਉਧਰ ਬਰਨਾਲਾ ਜ਼ਿਲੇ ਦੇ ਪਿੰਡ ਕਾਹਨੇਕੇ ਦੇ ਵਸਨੀਕ ਅਕਸ਼ਦੀਪ ਭਲਕੇ ਓਲੰਪਿਕ ਦੀ 20 ਕਿਲੋਮੀਟਰ ਦੌੜ ਵਿਚ ਹਿੱਸਾ ਲੈਣਗੇ। ਪਿੰਡ ਨਿਵਾਸੀਆਂ ਅਤੇ ਪਰਿਵਾਰਕ ਮੈਂਬਰਾਂ ਨੇ ਅਕਸ਼ਦੀਪ ਸਿੰਘ ਦੇ ਜਿੱਤਣ ਲਈ ਅੱਜ ਗੁਰੂਘਰ ਵਿਖੇ ਅਰਦਾਸ ਕੀਤੀ। ਅਕਸ਼ਦੀਪ ਸਿੰਘ ਦੇ ਪਿਤਾ ਨੇ ਕਿਹਾ ਕਿ ਉਨ੍ਹਾਂ ਨੂੰ ਬੇਹੱਦ ਖੁਸ਼ੀ ਏ ਕਿ ਉਨ੍ਹਾਂ ਦਾ ਪੁੱਤ ਖੇਡਾਂ ਦੇ ਮਹਾਕੁੰਭ ਲਈ ਚੁਣਿਆ ਗਿਆ ਏ ਅਤੇ ਹੁਣ ਇਹ ਪੂਰਾ ਭਰੋਸਾ ਏ ਕਿ ਗੋਲਡ ਮੈਡਲ ਜਿੱਤਕੇ ਉਹ ਦੇਸ਼, ਪੰਜਾਬ ਤੇ ਪਿੰਡ ਦਾ ਨਾਮ ਰੋਸ਼ਨ ਕਰੇਗਾ।

**Byte**

-------------------------------------------------------

ਝੋਨੇ ਦੇ ਆਗਾਮੀ ਸੀਜਨ ਦੇ ਮੱਦੇਨਜ਼ਰ ਬਠਿੰਡਾ ਜ਼ਿਲ੍ਹੇ ਵਿਚ ਜ਼ੀਰੋ ਬਰਨਿੰਗ ਨੂੰ ਮੁੱਖ ਰਖਦਿਆਂ ਪਰਾਲੀ ਦੀ ਸੁਚੱਜੀ ਸਾਂਭ-ਸੰਭਾਲ ਅਤੇ ਇਸ ਦੇ ਨਿਪਟਾਰੇ ਤੇ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਉਣ ਵਾਲੇ

ਕਿਸਾਨਾਂ ਨੂੰ ਸਬ ਡਵੀਜ਼ਨ ਤੇ ਜ਼ਿਲ੍ਹਾ ਪੱਧਰ ’ਤੇ ਸਨਮਾਨਿਤ ਕੀਤਾ ਜਾਵੇਗਾ। ਡਿਪਟੀ ਕਮਿਸ਼ਨਰ ਜਸਪ੍ਰੀਤ ਸਿੰਘ ਨੇ ਝੋਨੇ ਦੀ ਪਰਾਲੀ ਦੇ ਸਬੰਧ ਵਿਚ ਅਗਾਊਂ ਪ੍ਰਬੰਧਾਂ ਬਾਰੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਅੱਜ ਕੀਤੀ ਇਕ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਇਹ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਦੱਸਿਆ ਕਿ ਝੋਨੇ ਦੇ ਸੀਜਨ ਦੌਰਾਨ ਪਰਾਲੀ ਦੀ ਜ਼ੀਰੋ ਬਰਨਿੰਗ ਸਬੰਧੀ ਸਰਕਾਰ ਦਾ ਟੀਚਾ ਏ। ਜਿਸ ਤਹਿਤ ਅਧਿਕਾਰੀਆਂ ਨੂੰ ਹੁਕਮ ਦਿੱਤੇ ਨੇ ਕਿ ਹੁਣ ਤੋਂ ਹੀ ਇਸ ਸਬੰਧੀ ਹਰ ਤਰ੍ਹਾਂ ਦੇ ਢੁਕਵੇਂ ਪ੍ਰਬੰਧ ਅਤੇ ਹਰ ਸੰਭਵ ਉਪਰਾਲੇ ਕੀਤੇ ਜਾਣ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਪਰਾਲੀ ਦੀ ਸੁਚੱਜੀ ਸਾਂਭ-ਸੰਭਾਲ ਤੇ ਇਸ ਦੇ ਨਿਪਟਾਰੇ ਲਈ ਗੁਰੂ ਘਰਾਂ ’ਚ ਅਨਾਊਸਮੈਂਟਾਂ ਤੋਂ ਇਲਾਵਾ ਪਿੰਡਾਂ ’ਚ ਵੱਧ ਤੋਂ ਵੱਧ ਜਾਗਰੂਕਤਾ ਕੈਂਪ, ਨੁਕੜ ਨਾਟਕ ਤੇ ਮੋਬਾਇਲ ਵੈਨਾਂ ਰਾਹੀਂ ਪੈਂਫਲਟ ਵੰਡਣ ਅਤੇ ਦੀਵਾਰ ਪੇਂਟਿੰਗਾਂ ਕਰਨੀਆਂ ਯਕੀਨੀ ਬਣਾਈਆਂ ਜਾਣ।

---------------------------------------------------------

ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਦਿਸ਼ਾ-ਨਿਰਦੇਸ਼ਾਂ ’ਤੇ ਸੂਬੇ

ਭਰ ਵਿਚ ਪਹਿਲੀ ਜੁਲਾਈ ਤੋਂ 30 ਸਤੰਬਰ ਤੱਕ ਬੂਟੇ ਲਗਾਉਣ ਦੀ ਮੁਹਿੰਮ ਚਲਾਈ ਜਾ ਰਹੀ ਏ। ਇਸ ਸਬੰਧ ਵਿਚ ਜ਼ਿਲ੍ਹਾ ਤੇ ਸੈਸ਼ਨ ਜੱਜ ਦਿਲਬਾਗ ਸਿੰਘ ਜੌਹਲ ਵੱਲੋਂ ਨਵੇਂ ਜ਼ਿਲ੍ਹਾ ਕੋਰਟ ਕੰਪਲੈਕਸ ਹੁਸ਼ਿਆਰਪੁਰ ਵਿਚ ਅੱਜ ਬੂਟੇ ਲਗਾਉਣ ਦੀ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਇਸ ਮੌਕੇ ਤੇ ਉਨਾਂ ਕਿਹਾ ਕਿ ਵਾਤਾਵਰਨ ਦੀ ਸੰਭਾਲ ਅਤੇ ਸੰਤੁਲਨ ਨੂੰ ਬਣਾਏ ਰੱਖਣ ਲਈ ਬੂਟੇ ਲਗਾਉਣਾ ਜ਼ਰੂਰੀ ਏ ਕਿਉਂਕਿ ਬੂਟੇ ਵਾਤਾਵਰਨ ਨੂੰ ਸ਼ੁੱਧ ਰੱਖਦੇ ਨੇ ਅਤੇ ਆਕਸੀਜਨ ਦਿੰਦੇ ਨੇ ਜਿਹੜਾ ਸਾਡੇ ਜੀਵਨ ਲਈ ਬਹੁਤ ਮਹੱਤਵਪੂਰਨ ਕੁਦਰਤੀ ਸਰੋਤ ਏ। ਉਨ੍ਹਾਂ ਕਿਹਾ ਕਿ ਬੂਟੇ ਸਾਨੂੰ ਜੀਵਨਦਾਨ ਦੇਣ ਦੇ ਨਾਲ-ਨਾਲ ਗਰਮੀ ਤੋਂ ਵੀ ਬਚਾਉਂਦੇ ਨੇ, ਇਸ ਲਈ ਹਰ ਕਿਸੇ ਨੂੰ ਆਪਣੇ ਘਰਾਂ ਅਤੇ ਆਲੇ-ਦੁਆਲੇ ਬੂਟੇ ਲਗਾਉਣੇ ਚਾਹੀਦੇ ਨੇ। ਇਸ ਦੌਰਾਨ ਜੁਡੀਸ਼ੀਅਲ ਅਧਿਕਾਰੀਆਂ ਨੇ ਵੀ ਬੂਟੇ ਲਗਾਏ।

---------------------------------------------------------------

**ਆਖਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ**

- ਪੰਜਾਬ ਦੇ ਰਾਜਪਾਲ ਤੇ ਚੰਡੀਗੜ੍ਹ ਦੇ ਪ੍ਰਸ਼ਾਸਕ ਵਜੋਂ ਗੁਲਾਬ ਚੰਦ ਕਟਾਰੀਆ ਨੇ ਓਹਦਾ ਸੰਭਾਲਿਆ।

- ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਵੈਕਟਰ-ਬੋਰਨ ਅਤੇ ਪਾਣੀ ਤੋਂ ਪੈਦਾ ਹੋਣ ਵਾਲੀਆਂ ਬਿਮਾਰੀਆਂ ਦੀ ਰੋਕਥਾਮ ਲਈ ਅਧਿਕਾਰੀਆਂ ਨੂੰ ਮਿਲ ਕੇ ਕੰਮ ਕਰਨ ਦੇ ਹੁਕਮ ਦਿੱਤੇ।
- ਪੰਜਾਬ ਵਿਚ 18 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਵਲੋਂ ਦੋਪਹੀਆ ਤੇ ਚੌਪਹੀਆ ਵਾਹਨ ਚਲਾਉਣ ਤੇ ਭਲਕ ਪਹਿਲੀ ਅਗਸਤ ਤੋਂ ਲੱਗ ਜਾਵੇਗੀ ਰੋਕ।
- ਦੇਸ਼ ਦੇ ਮਹਾਨ ਇਨਕਲਾਬੀ ਸ਼ਹੀਦ ਊਧਮ ਸਿੰਘ ਨੂੰ ਬਰਸੀ ਤੇ ਨਿੱਘੀਆਂ ਸ਼ਰਧਾਂਜਲੀਆਂ ਭੇਂਟ ਕੀਤੀਆਂ ਗਈਆਂ।